# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :08-04-2026**

ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- ਕੇਂਦਰੀ ਮੰਤਰੀ ਮੰਡਲ ਨੇ ਸਾਉਣੀ ਸੀਜ਼ਨ 2026 ਲਈ ਫਾਸਫੇਟ ਅਤੇ ਪੋਟਾਸ਼ ਖਾਦਾਂ ਵਾਸਤੇ 41 ਹਜ਼ਾਰ 534 ਕਰੋੜ ਰੁਪਏ ਦੀ ਪੌਸ਼ਟਿਕ-ਅਧਾਰਤ ਸਬਸਿਡੀ ਨੂੰ ਮਨਜ਼ੂਰੀ ਦੇ ਦਿੱਤੀ ਏ।

- ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਅੰਮ੍ਰਿਤਸਰ ਵਿੱਚ ਤੇਜ਼ੀ ਨਾਲ ਵਧ ਰਹੇ ਕੈਂਸਰ ਦੇ ਮਾਮਲਿਆਂ ‘ਤੇ ਗੰਭੀਰ ਚਿੰਤਾ ਜ਼ਾਹਿਰ ਕੀਤੀ ।

- ਪੰਜਾਬ ਸਰਕਾਰ ਵੱਲੋਂ ਮੋਹਾਲੀ ਵਿੱਚ ਅਤਿ-ਆਧੁਨਿਕ ਬਹੁ-ਮੰਤਵੀ ਪ੍ਰਦਰਸ਼ਨੀ ਅਤੇ ਕਨਵੈਨਸ਼ਨ ਸੈਂਟਰ ਵਿਕਸਤ ਕੀਤਾ ਜਾਵੇਗਾ ।

- ਖਾਲਸਾ ਸਾਜਨਾ ਦਿਹਾੜੇ ਦੇ ਸ਼ੁਭ ਅਵਸਰ 'ਤੇ ਪਾਕਿਸਤਾਨ ਸਥਿਤ ਗੁਰਧਾਮਾਂ ਦੇ ਦਰਸ਼ਨਾਂ ਲਈ 1763 ਸਿੱਖ ਸ਼ਰਧਾਲੂਆਂ ਨੂੰ

ਮਿਲਿਆ ਵੀਜ਼ਾ- ਜਥਾ 10 ਅਪ੍ਰੈਲ ਨੂੰ ਪਾਕਿਸਤਾਨ ਲਈ ਰਵਾਨਾ ਹੋਵੇਗਾ।

- ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਵਲੋਂ ਇੱਕ ਨਾਬਾਲਗ ਸਮੇਤ 4 ਮੁਲਜ਼ਮਾਂ ਨੂੰ 7 ਪਿਸਤੌਲਾਂ ਸਮੇਤ ਗ੍ਰਿਫ਼ਤਾਰ।

---------------------------------------------------------------------

ਕੇਂਦਰੀ ਮੰਤਰੀ ਮੰਡਲ ਨੇ ਸਾਉਣੀ ਸੀਜ਼ਨ 2026 ਲਈ ਫਾਸਫੇਟ ਅਤੇ ਪੋਟਾਸ਼ ਖਾਦਾਂ ਵਾਸਤੇ 41 ਹਜ਼ਾਰ 534 ਕਰੋੜ ਰੁਪਏ ਦੀ ਪੌਸ਼ਟਿਕ-ਅਧਾਰਤ ਸਬਸਿਡੀ ਨੂੰ ਮਨਜ਼ੂਰੀ ਦੇ ਦਿੱਤੀ ਏ। ਕੈਬਨਿਟ ਮੀਟਿੰਗ ਤੋਂ ਬਾਅਦ ਨਵੀਂ ਦਿੱਲੀ ਵਿੱਚ ਮੀਡੀਆ ਨੂੰ ਜਾਣਕਾਰੀ ਦਿੰਦੇ ਹੋਏ, ਸੂਚਨਾ ਅਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਨੇ ਕਿਹਾ ਕਿ ਇਹ ਫੈਸਲਾ ਕਿਸਾਨਾਂ ਨੂੰ ਸਬਸਿਡੀ ਵਾਲੇ, ਕਿਫਾਇਤੀ ਅਤੇ ਵਾਜਬ ਕੀਮਤਾਂ 'ਤੇ ਖਾਦਾਂ ਦੀ ਉਪਲਬਧਤਾ ਨੂੰ ਯਕੀਨੀ ਬਣਾਏਗਾ। ਉਨ੍ਹਾਂ ਕਿਹਾ, ਇਹ ਸਬਸਿਡੀ ਪਿਛਲੇ ਖਰੀਫ ਸੀਜ਼ਨ ਵਿੱਚ ਦਿੱਤੀ ਗਈ ਸਬਸਿਡੀ ਦੇ ਮੁਕਾਬਲੇ ਚਾਰ ਹਜ਼ਾਰ 317 ਕਰੋੜ ਰੁਪਏ ਤੋਂ ਵੱਧ ਏ।

BYTE-

ਖਾਦਾਂ ਦੀਆਂ ਅੰਤਰਰਾਸ਼ਟਰੀ ਕੀਮਤਾਂ ਵਿੱਚ ਹਾਲ ਹੀ ਦੇ ਰੁਝਾਨਾਂ ਨੂੰ ਦੇਖਦੇ ਹੋਏ, ਸਰਕਾਰ ਨੇ ਸਾਉਣੀ ਸੀਜ਼ਨ 2026 ਲਈ ਪੋਸ਼ਟਿਕ-ਅਧਾਰਤ ਸਬਸਿਡੀ ਦਰਾਂ ਨੂੰ ਮਨਜ਼ੂਰੀ ਦੇ ਦਿੱਤੀ ਹੈ ਜੋ ਇਸ ਸਾਲ 1

ਅਪ੍ਰੈਲ ਤੋਂ 30 ਸਤੰਬਰ ਤੱਕ ਫਾਸਫੇਟ ਅਤੇ ਪੋਟਾਸ਼ ਖਾਦਾਂ 'ਤੇ ਲਾਗੂ ਹੋਣਗੀਆਂ।

------------------------------------------------------------------------------

ਪ੍ਰਧਾਨ ਮੰਤਰੀ ਮੁਦਰਾ ਯੋਜਨਾ ਦੇ ਅੱਜ 11 ਸਾਲ ਪੂਰੇ ਹੋ ਗਏ ਨੇ । 8 ਅਪ੍ਰੈਲ, 2015 ਨੂੰ ਸ਼ੁਰੂ ਕੀਤੀ ਗਈ, ਇਹ ਕੇਂਦਰ ਸਰਕਾਰ ਦਾ ਪ੍ਰਮੁੱਖ ਪ੍ਰੋਗਰਾਮ ਏ ਜਿਸਦਾ ਉਦੇਸ਼ ਘੱਟ ਫੰਡ ਵਾਲੇ ਸੂਖਮ-ਉੱਦਮਾਂ ਅਤੇ ਛੋਟੇ ਕਾਰੋਬਾਰਾਂ ਨੂੰ ਵਿੱਤ ਪ੍ਰਦਾਨ ਕਰਨਾ ਏ । 11 ਸਾਲਾਂ ਤੋਂ ਵੱਧ ਸਮੇਂ ਲਈ, ਪ੍ਰਧਾਨ ਮੰਤਰੀ ਮੁਦਰਾ ਯੋਜਨਾ ਨੇ ਵਿੱਤੀ ਸਮਾਵੇਸ਼ ਦੀ ਸ਼ਕਤੀ ਅਤੇ ਜ਼ਮੀਨੀ ਪੱਧਰ 'ਤੇ ਨਵੀਨਤਾ ਦੀ ਸੰਭਾਵਨਾ ਦਾ ਲਗਾਤਾਰ ਪ੍ਰਦਰਸ਼ਨ ਕੀਤਾ ਏ । ਇਸ ਮੌਕੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਪ੍ਰਧਾਨ ਮੰਤਰੀ ਮੁਦਰਾ ਯੋਜਨਾ ਨੌਜਵਾਨਾਂ ਵਿੱਚ ਸਵੈ-ਰੁਜ਼ਗਾਰ ਨੂੰ ਉਤਸ਼ਾਹਿਤ ਕਰਨ ਵਿੱਚ ਬਹੁਤ ਲਾਭਦਾਇਕ ਸਾਬਤ ਹੋਈ ਏ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਇਸ ਯੋਜਨਾ ਦੀ ਸਫਲਤਾ ਨੇ ਸਾਬਤ ਕਰ ਦਿੱਤਾ ਹੈਏ ਕਿ ਜਦੋਂ ਲੋਕਾਂ ਨੂੰ ਸਹੀ ਮੌਕੇ ਪ੍ਰਦਾਨ ਕੀਤੇ ਜਾਂਦੇ ਹਨ, ਤਾਂ ਉਹ ਸਵੈ-ਨਿਰਭਰ ਬਣ ਸਕਦੇ ਹਨ ਅਤੇ ਦੇਸ਼ ਦੀ ਤਰੱਕੀ ਵਿੱਚ ਮਹੱਤਵਪੂਰਨ ਯੋਗਦਾਨ ਪਾ ਸਕਦੇ ਹਨ। ਇਸ ਮੌਕੇ 'ਤੇ, ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੇ ਕਿਹਾ ਕਿ ਇਸ ਯੋਜਨਾ ਨੇ ਦੇਸ਼ ਵਿੱਚ ਸੂਖਮ, ਛੋਟੇ ਅਤੇ ਦਰਮਿਆਨੇ ਉੱਦਮਾਂ ਅਤੇ

ਅਣਗਿਣਤ ਵਿਅਕਤੀਗਤ ਉੱਦਮੀਆਂ ਲਈ ਕਰਜ਼ੇ ਪ੍ਰਣਾਲੀ ਨੂੰ ਮੁੜ ਆਕਾਰ ਦੇਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਏ । ਇਸ ਯੋਜਨਾ ਦੇ ਤਹਿਤ, ਹੁਣ ਤੱਕ 40 ਲੱਖ ਕਰੋੜ ਤੋਂ ਵੱਧ ਦੇ ਲਗਭਗ 580 ਕਰੋੜ ਕਰਜ਼ੇ ਮਨਜ਼ੂਰ ਕੀਤੇ ਜਾ ਚੁੱਕੇ ਹਨ। ਇਨ੍ਹਾਂ ਵਿੱਚੋਂ ਦੋ ਤਿਹਾਈ ਕਰਜ਼ਿਆਂ ਨੂੰ ਮਹਿਲਾ ਉੱਦਮੀਆਂ ਨੂੰ ਦਿੱਤਾ ਗਿਆ ਏ । ਓਧਰ ਖਰੜ ਦੇ ਅਸ਼ੋਕ ਸੈਣੀ ਅਤੇ ਇੰਦੂ ਆਹਲੂਵਾਲੀਆ ਨੇ ਸਰਕਾਰ ਦੀ ਮੁਦਰਾ ਯੋਜਨਾ ਤਹਿਤ ਮਿਲੀ ਮਦਦ ਲਈ ਧਨਵਾਦ ਕੀਤਾ

BYTES:RNU080426

---------------------------------------------------------------------------------

ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਅੰਮ੍ਰਿਤਸਰ ਵਿੱਚ ਤੇਜ਼ੀ ਨਾਲ ਵਧ ਰਹੇ ਕੈਂਸਰ ਦੇ ਮਾਮਲਿਆਂ ‘ਤੇ ਗੰਭੀਰ ਚਿੰਤਾ ਜ਼ਾਹਿਰ ਕੀਤੀ ਏ । ਅੱਜ ਇਕ ਪ੍ਰੈਸ ਕਾਨਫਰੰਸ ਦੌਰਾਨ ਉਨ੍ਹਾਂ ਕਿਹਾ ਕਿ ਪਹਿਲਾਂ ਕੈਂਸਰ ਦੇ ਮਾਮਲੇ ਜ਼ਿਆਦਾਤਰ ਉਦਯੋਗਿਕ ਸ਼ਹਿਰਾਂ ਵਿੱਚ ਮਿਲਦੇ ਸਨ, ਪਰ ਹੁਣ ਅੰਮ੍ਰਿਤਸਰ ਵਿੱਚ ਸਭ ਤੋਂ ਵੱਧ ਮਾਮਲੇ ਸਾਹਮਣੇ ਆ ਰਹੇ ਨੇ , ਜੋ ਕਿ ਚਿੰਤਾ ਦਾ ਵਿਸ਼ਾ ਏ । ਉਨ੍ਹਾਂ ਦੱਸਿਆ ਕਿ ਦੁੱਧ, ਪਨੀਰ ਅਤੇ ਹੋਰ ਖਾਣ ਵਾਲੀਆਂ ਚੀਜ਼ਾਂ ਵਿੱਚ ਨਕਲੀ ਤੱਤ ਮਿਲਾਏ ਜਾ ਰਹੇ ਹਨ, ਜਿਸ ਨਾਲ ਲੋਕਾਂ ਦੀ ਸਿਹਤ ‘ਤੇ ਗੰਭੀਰ ਅਸਰ ਪੈ ਰਿਹਾ ਏ । ਇਸ ਤੋਂ ਇਲਾਵਾ, ਉਦਯੋਗਿਕ ਗੰਦਗੀ ਅਤੇ ਸੀਵਰੇਜ ਦਾ ਪਾਣੀ ਵਾਤਾਵਰਣ ਨੂੰ ਖਰਾਬ

ਕਰ ਰਿਹਾ ਏ । ਉਨ੍ਹਾਂ ਨੇ ਇਹ ਵੀ ਦੱਸਿਆ ਕਿ ਜ਼ਮੀਨੀ ਪਾਣੀ ਵਿੱਚ ਖਤਰਨਾਕ ਤੱਤ ਮਿਲ ਰਹੇ ਹਨ, ਜਿਸ ਕਰਕੇ ਪੀਣ ਵਾਲਾ ਪਾਣੀ ਵੀ ਸੁਰੱਖਿਅਤ ਨਹੀਂ ਰਿਹਾ। ਸ੍ਰੀ ਔਜਲਾ  ਕਿਹਾ । BYTE:

---------------------------------------------------------------------------------

ਵਿਦੇਸ਼ ਮੰਤਰਾਲੇ ਨੇ ਈਰਾਨ ਵਿੱਚ ਤੇਜ਼ੀ ਨਾਲ ਬਦਲ ਰਹੀ ਸਥਿਤੀ ਦੇ ਮੱਦੇਨਜ਼ਰ, ਉੱਥੇ ਮੌਜੂਦ ਭਾਰਤੀ ਨਾਗਰਿਕਾਂ ਨੂੰ ਦੂਤਘਰ ਨਾਲ ਤਾਲਮੇਲ ਕਰਕੇ ਅਤੇ ਅਧਿਕਾਰੀਆਂ ਵੱਲੋਂ ਸੁਝਾਏ ਗਏ ਰਸਤਿਆਂ ਰਾਹੀਂ, ਤੁਰੰਤ ਈਰਾਨ ਛੱਡਣ ਦੀ ਸਲਾਹ ਦਿੱਤੀ ਏ । ਮੰਤਰਾਲੇ ਨੇ ਸਲਾਹ ਵਿੱਚ ਕਿਹਾ ਏ ਕਿ, ਦੂਤਘਰ ਨਾਲ ਪਹਿਲਾਂ ਸਲਾਹ-ਮਸ਼ਵਰਾ ਅਤੇ ਤਾਲਮੇਲ ਕੀਤੇ ਬਿਨਾਂ ਕਿਸੇ ਵੀ ਅੰਤਰਰਾਸ਼ਟਰੀ ਸਰਹੱਦ ਨੇੜੇ ਜਾਣ ਦੀ ਕੋਸ਼ਿਸ਼ ਨਾ ਕੀਤੀ ਜਾਵੇ। ਨਾਲ ਹੀ, ਭਾਰਤੀ ਨਾਗਰਿਕਾਂ ਨੂੰ ਅਧਿਕਾਰਤ ਅਪਡੇਟਸ 'ਤੇ ਨੇੜਿਓਂ ਨਜ਼ਰ ਰੱਖਣ ਦੀ ਅਪੀਲ ਕੀਤੀ ਗਈ ਏ।

---------------------------------------------------------------------------------

ਪੰਜਾਬ ਦੇ ਉਦਯੋਗ ਅਤੇ ਵਣਜ ਮੰਤਰੀ ਸੰਜੀਵ ਅਰੋੜਾ ਨੇ ਮੋਹਾਲੀ ਵਿਖੇ ਇੱਕ ਅਤਿ-ਆਧੁਨਿਕ ਬਹੁ-ਮੰਤਵੀ ਪ੍ਰਦਰਸ਼ਨੀ ਅਤੇ ਕਨਵੈਨਸ਼ਨ ਸੈਂਟਰ ਵਿਕਸਿਤ ਕਰਨ ਦਾ ਐਲਾਨ ਕੀਤਾ, ਜੋ ਨਿਵੇਸ਼, ਬੁਨਿਆਦੀ ਢਾਂਚੇ ਅਤੇ ਵਿਸ਼ਵਵਿਆਪੀ ਵਪਾਰਕ ਮੌਕਿਆਂ ਦੇ ਕੇਂਦਰ ਵਜੋਂ ਤੇਜ਼ੀ ਨਾਲ ਉਭਰ ਰਹੇ ਪੰਜਾਬ ਦਾ ਪ੍ਰਤੱਖ ਪ੍ਰਮਾਣ ਏ । ਪ੍ਰਾਜੈਕਟ ਸਬੰਧੀ ਹੋਰ

ਜਾਣਕਾਰੀ ਸਾਂਝੀ ਕਰਦਿਆਂ ਉਨ੍ਹਾਂ ਦੱਸਿਆ ਕਿ ਕਨਵੈਨਸ਼ਨ ਸੈਂਟਰ ਮੋਹਾਲੀ ਆਈਟੀ ਸਿਟੀ ਦੇ ਬਿਲਕੁਲ ਵਿਚੋ-ਵਿੱਚ ਲਗਭਗ 14 ਏਕੜ ਵਿੱਚ ਫੈਲਿਆ ਜਨਤਕ-ਨਿੱਜੀ ਭਾਈਵਾਲੀ ਮਾਡਲ ਤਹਿਤ ਵਿਕਸਤ ਕੀਤਾ ਜਾਵੇਗਾ I BYTE:RNU080426

ਲਗਭਗ 250 ਕਰੋੜ ਰੁਪਏ ਦੀ ਅਨੁਮਾਨਿਤ ਲਾਗਤ ਵਾਲਾ ਮੰਤਰੀ ਨੇ ਕਿਹਾ ਕਿ ਇਸ ਪ੍ਰਾਜੈਕਟ ਤਹਿਤ ਵੱਡੇ ਪੱਧਰ ’ਤੇ ਕੌਮੀ ਅਤੇ ਕੌਮਾਂਤਰੀ ਸਮਾਗਮਾਂ ਦੀ ਮੇਜ਼ਬਾਨੀ ਕਰਨ ਲਈ ਇੱਕ ਅਤਿ-ਆਧੁਨਿਕ ਕਨਵੈਨਸ਼ਨ ਸੈਂਟਰ ਬਣਾਇਆ ਜਾਵੇਗਾ, ਜੋ ਵਿਸ਼ਵ ਪੱਧਰੀ ਬੁਨਿਆਦੀ ਢਾਂਚਾ ਅਤੇ ਸਹੂਲਤਾਂ ਨਾਲ ਲੈਸ ਹੋਵੇਗਾ। ਸ੍ਰੀ ਅਰੋੜਾ ਨੇ ਕਿਹਾ ਕਿ ਇਹ ਕੇਂਦਰ 5 ਹਜ਼ਾਰ ਤੋਂ 10 ਹਜ਼ਾਰ ਨੁਮਾਇੰਦਿਆਂ ਦੇ ਨਾਲ ਕਾਨਫਰੰਸਾਂ ਅਤੇ ਸੰਮੇਲਨਾਂ ਦੀ ਮੇਜ਼ਬਾਨੀ ਕਰਨ ਅਤੇ 15000 ਤੋਂ ਵੱਧ ਲੋਕਾਂ ਤੱਕ ਸਮਾਜਿਕ ਸਮਾਗਮਾਂ ਦੀ ਮੇਜ਼ਬਾਨੀ ਕਰਨ ਦੇ ਸਮਰੱਥ ਹੋਵੇਗਾ। ਉਨ੍ਹਾਂ ਕਿਹਾ ਕਿ ਇਸ ਪ੍ਰਾਜੈਕਟ ਦੇ ਪਹਿਲੇ ਪੰਜ ਸਾਲਾਂ ਵਿੱਚ 15 ਹਜ਼ਾਰ ਤੋਂ 25 ਹਜ਼ਾਰਦੇ ਵਿਚਕਾਰ ਰੁਜ਼ਗਾਰ ਦੇ ਮੌਕੇ ਪੈਦਾ ਹੋਣ ਦੀ ਉਮੀਦ ਏ।

--------------------------------------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਖਾਲਸਾ ਸਾਜਨਾ ਦਿਹਾੜੇ ਦੇ ਸ਼ੁਭ ਅਵਸਰ 'ਤੇ ਪਾਕਿਸਤਾਨ ਸਥਿਤ ਗੁਰਧਾਮਾਂ ਦੇ ਦਰਸ਼ਨਾਂ ਲਈ ਜਾਣ ਵਾਲੇ ਜਥੇ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਨੇ।

ਸ਼੍ਰੋਮਣੀ ਕਮੇਟੀ ਦੇ ਸਕੱਤਰ ਬਲਵਿੰਦਰ ਸਿੰਘ ਕਾਲਾ ਨੇ ਦੱਸਿਆ ਕਿ ਇਸ ਸਾਲ ਜਥੇ ਲਈ ਕੁੱਲ 1795 ਪਾਸਪੋਰਟ ਦਿੱਲੀ ਸਥਿਤ ਪਾਕਿਸਤਾਨੀ ਦੂਤਾਗਰ ਨੂੰ ਭੇਜੇ ਗਏ ਸਨ, ਜਿਨ੍ਹਾਂ ਵਿੱਚੋਂ 1763 ਸ਼ਰਧਾਲੂਆਂ ਨੂੰ ਵੀਜ਼ਾ ਪ੍ਰਾਪਤ ਹੋਇਆ ਏ । ਉਨ੍ਹਾਂ ਸ਼ਰਧਾਲੂਆਂ ਨੂੰ ਦਫਤਰ ਦੇ ਸਮੇਂ ਦੌਰਾਨ ਸ਼੍ਰੋਮਣੀ ਕਮੇਟੀ ਦੇ ਦਫਤਰ ਤੋਂ ਆਪਣੇ ਪਾਸਪੋਰਟ ਪ੍ਰਾਪਤ ਕਰਨ ਦੀ ਅਪੀਲ ਕੀਤੀ । ਇਹ ਜਥਾ 10 ਅਪ੍ਰੈਲ ਨੂੰ ਸਵੇਰੇ 8 ਵਜੇ ਸ਼੍ਰੋਮਣੀ ਕਮੇਟੀ ਦੇ ਦਫਤਰ ਤੋਂ ਪਾਕਿਸਤਾਨ ਲਈ ਰਵਾਨਾ ਹੋਵੇਗਾ। ਸੰਗਤਾਂ ਨੂੰ ਅਟਾਰੀ-ਵਾਘਾ ਸਰਹੱਦ ਰਾਹੀਂ ਵਿਸ਼ੇਸ਼ ਬੱਸਾਂ ਰਾਹੀਂ ਭੇਜਿਆ ਜਾਵੇਗਾ। ਸ਼੍ਰੋਮਣੀ ਕਮੇਟੀ ਨੇ ਸਮੂਹ ਸ਼ਰਧਾਲੂਆਂ ਨੂੰ ਯਾਤਰਾ ਦੌਰਾਨ ਪੂਰਾ ਸਮਾਂ ਪੰਥਕ ਮਰਿਆਦਾ, ਸੰਜਮ ਅਤੇ ਅਨੁਸ਼ਾਸਨ ਬਣਾ ਕੇ ਰੱਖਣ ਦੀ ਅਪੀਲ ਵੀ ਕੀਤੀ ।

-------------------------------------------------------------

ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਸਰਹੱਦ ਪਾਰੋਂ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਮਾਡਿਊਲ ਦਾ ਪਰਦਾਫਾਸ਼ ਕਰਦਿਆਂ ਇੱਕ ਨਾਬਾਲਗ ਸਮੇਤ 4 ਮੁਲਜ਼ਮਾਂ ਨੂੰ 7 ਪਿਸਤੌਲਾਂ , 12 ਜ਼ਿੰਦਾ ਕਾਰਤੂਸ ਸਮੇਤ ਗ੍ਰਿਫ਼ਤਾਰ ਕੀਤਾ ਏ । ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਕਿਹਾ ਕਿਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਅੰਮ੍ਰਿਤਸਰ ਦੇ ਪਿੰਡ ਲੱਧੇਵਾਲ ਦੇ ਰਹਿਣ ਵਾਲੇ ਗੁਰਵਿੰਦਰ

ਸਿੰਘ ਉਰਫ਼ ਗਿੰਦਰ, ਜੋਬਨਬੀਰ ਸਿੰਘ ਉਰਫ਼ ਜੋਬਨ, ਤਰਨਤਾਰਨ ਦੇ ਪਿੰਡ ਭੂਸੇ ਦੇ ਲਵਪ੍ਰੀਤ ਸਿੰਘ ਉਰਫ਼ ਲਵ ਅਤੇ ਇੱਕ 16 ਸਾਲਾ ਨਾਬਾਲਗ ਵਜੋਂ ਹੋਈ ਏ। ਪੁਲਿਸ ਟੀਮਾਂ ਨੇ ਉਨ੍ਹਾਂ ਦਾ ਮੋਟਰਸਾਈਕਲ ਵੀ ਜ਼ਬਤ ਕਰ ਲਿਆ ਏ। ਮੁੱਢਲੀ ਜਾਂਚ ਤੋਂ ਪਤਾ ਲੱਗਿਆ ਹੈ ਕਿ ਮੁਲਜ਼ਮ ਸੋਸ਼ਲ ਮੀਡੀਆ ਪਲੇਟਫਾਰਮਾਂ ਰਾਹੀਂ ਪਾਕਿਸਤਾਨ-ਅਧਾਰਤ ਤਸਕਰਾਂ ਦੇ ਸੰਪਰਕ ਵਿੱਚ ਸਨ, ਜੋ ਅਟਾਰੀ ਸੈਕਟਰ ਦੇ ਸਰਹੱਦੀ ਖੇਤਰਾਂ ਵਿੱਚ ਭਾਰਤ ਵਿੱਚ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਵਿੱਚ ਸਹਾਇਤਾ ਕਰਦੇ ਸਨ। ਖੇਪਾਂ ਪਹਿਲਾਂ ਤੋਂ ਨਿਰਧਾਰਤ ਥਾਵਾਂ ਤੋਂ ਪ੍ਰਾਪਤ ਕੀਤੀਆਂ ਗਈਆਂ ਸਨ ਅਤੇ ਪੰਜਾਬ ਭਰ ਵਿੱਚ ਸਥਾਨਕ ਅਪਰਾਧਿਕ ਨੈੱਟਵਰਕਾਂ ਨੂੰ ਅੱਗੇ ਸਪਲਾਈ ਕੀਤੀਆਂ ਗਈਆਂ ਸਨ। ਅਸਲਾ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਜਾਂਚ ਜਾਰੀ ਏ।

---

ਜਲੰਧਰ ਦੇ ਜ਼ਿਲ੍ਹਾ ਖੁਰਾਕ ਅਤੇ ਸਿਵਲ ਸਪਲਾਈਜ਼ ਕੰਟਰੋਲਰ ਨਰਿੰਦਰ ਸਿੰਘ ਨੇ ਕਿਹਾ ਕਿ ਜ਼ਿਲ੍ਹੇ ਭਰ ਵਿੱਚ ਪ੍ਰਵਾਸੀ ਮਜ਼ਦੂਰਾਂ ਨੂੰ ਐਫ.ਟੀ.ਐਲ. 5 ਕਿਲੋਗ੍ਰਾਮ ਐਲ.ਪੀ.ਜੀ. ਸਿਲੰਡਰ ਪ੍ਰਦਾਨ ਕੀਤੇ ਜਾ ਰਹੇ ਹਨ ਤਾਂ ਜੋ ਉਨ੍ਹਾਂ ਨੂੰ ਆਪਣੀਆਂ ਰੋਜ਼ਾਨਾ ਖਾਣਾ ਪਕਾਉਣ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਵਿੱਚ ਕੋਈ ਮੁਸ਼ਕਲ ਪੇਸ਼ ਨਾ ਆਵੇ।

ਉਨ੍ਹਾਂ ਕਿਹਾ ਕਿ ਮਜ਼ਦੂਰਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਤੱਕ ਗੈਸ ਸਪਲਾਈ ਦੀ ਆਸਾਨ ਪਹੁੰਚ ਯਕੀਨੀ ਬਣਾਉਣ ਲਈ ਵੱਖ-ਵੱਖ ਉਦਯੋਗਿਕ ਇਕਾਈਆਂ ਵਿਖੇ ਵਿਸ਼ੇਸ਼ ਕੈਂਪ ਵੀ ਲਗਾਏ ਜਾ ਰਹੇ ਨੇ । ਇਸ ਪਹਿਲਕਦਮੀ ਤਹਿਤ ਅੱਜ ਹੇਮਕੋ ਗਰੁੱਪ ਲਿਮਟਿਡ ਵਿਖੇ ਇੱਕ ਕੈਂਪ ਲਗਾਇਆ ਗਿਆ, ਜਿੱਥੇ ਲੋੜਵੰਦ ਮਜ਼ਦੂਰ ਪਰਿਵਾਰਾਂ ਵਿੱਚ ਲਗਭਗ 20 ਐਫ.ਟੀ.ਐਲ. ਸਿਲੰਡਰ ਵੰਡੇ ਗਏ। ਨਰਿੰਦਰ ਸਿੰਘ ਨੇ ਸਲੰਡਰ ਖਾਲੀ ਹੋਣ ਬਾਅਦ ਉਹਨਾਂ ਨੂੰ ਦੁਬਾਰਾ ਭਰਵਾ ਕੇ ਦੇਣ ਦਾ ਵੀ ਯਕੀਨ ਦਵਾਇਆ I BYTE:

-------------------------------------------------------

ਪੰਜਾਬ ਦੇ ਵੱਖ ਵੱਖ ਜ਼ਿਲਿਆਂ 'ਚ ਬੀਤੀ ਰਾਤ ਤੋਂ ਬਾਅਦ ਲਗਾਤਾਰ ਰੁੱਕ ਰੁੱਕ ਕੇ ਪਏ ਭਾਰੀ ਮੀਂਹ ਤੇ ਹਨ੍ਹੇਰੀ ਝੱਖੜ ਨੇ ਕਿਸਾਨਾਂ ਦੀਆਂ ਪੱਕੀਆਂ ਹਾੜ੍ਹੀ ਦੀਆਂ ਫਸਲਾਂ ਨੂੰ ਭਾਰੀ ਨੁਕਸਾਨ ਪਹੁੰਚਾਇਆ ਏ । ਮਾਨਸਾ, ਫਾਜ਼ਿਲਕਾ, ਗੁਰਦਾਸਪੁਰ, ਮੁਕਤਸਰ ਸਮੇਤ ਕਈ ਜ਼ਿਲ੍ਹਿਆਂ ਵਿੱਚ ਕਣਕ ਸਮੇਤ ਹੋਰਨਾਂ ਫ਼ਸਲਾਂ ਵਿੱਚ ਪਾਣੀ ਖੜਾ ਹੋ ਗਿਆ ਏ । ਇਸੇ ਦੌਰਾਨ ਮੌਸਮ ਵਿਭਾਗ ਵੱਲੋਂ ਅੱਜ ਵੀ ਮੁੜ ਮੀਂਹ ਪੈਣ ਦੀ ਪੇਸ਼ੀਨਗੋਈ ਕੀਤੀ ਹੋਈ ਏ, ਜਿਸ ਨਾਲ ਕਿਸਾਨਾਂ ਦੀ ਚਿੰਤਾ ਹੋਰ ਵੱਧ ਗਈ ਏ। ਆਕਾਸ਼ਵਾਣੀ ਜਲੰਧਰ ਨਾਲ ਗੱਲਬਾਤ ਕਰਦਿਆਂ ਵੱਖ ਵੱਖ ਜ਼ਿਲਿਆਂ ਤੋਂ ਕਿਸਾਨਾਂ ਦਾ ਕਹਿਣਾ ਏ I BYTE:RNU080426

ਮੌਸਮ ਵਿਭਾਗ ਮੁਤਾਬਿਕ ਪਿਛਲੇ 24 ਘੰਟਿਆਂ ਦੌਰਾਨ ਮੁਹਾਲੀ ਵਿੱਚ 35.5 ਮਿਲੀ ਮੀਟਰ, ਬਠਿੰਡਾ ਵਿੱਚ 29.04, ਨਵਾਂ ਸ਼ਹਿਰ ਵਿੱਚ 28.5, ਫਾਜ਼ਿਲਕਾ ਵਿੱਚ 25 ,ਫਰੀਦਕੋਟ ਵਿੱਚ 22.2 ਮਾਨਸਾ 19.4 ਮਿਲੀ ਮੀਟਰ ਮੀਂਹ ਦਰਜ ਕੀਤਾ ਗਿਆ।

---

- ਕੇਂਦਰੀ ਮੰਤਰੀ ਮੰਡਲ ਨੇ ਸਾਉਣੀ ਸੀਜ਼ਨ 2026 ਲਈ ਫਾਸਫੇਟ ਅਤੇ ਪੋਟਾਸ਼ ਖਾਦਾਂ ਵਾਸਤੇ 41 ਹਜ਼ਾਰ 534 ਕਰੋੜ ਰੁਪਏ ਦੀ ਪੌਸ਼ਟਿਕ-ਅਧਾਰਤ ਸਬਸਿਡੀ ਨੂੰ ਮਨਜ਼ੂਰੀ ਦੇ ਦਿੱਤੀ ਏ।

- ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਅੰਮ੍ਰਿਤਸਰ ਵਿੱਚ ਤੇਜ਼ੀ ਨਾਲ ਵਧ ਰਹੇ ਕੈਂਸਰ ਦੇ ਮਾਮਲਿਆਂ ‘ਤੇ ਗੰਭੀਰ ਚਿੰਤਾ ਜ਼ਾਹਿਰ ਕੀਤੀ ।

- ਪੰਜਾਬ ਸਰਕਾਰ ਵੱਲੋਂ ਮੋਹਾਲੀ ਵਿੱਚ ਅਤਿ-ਆਧੁਨਿਕ ਬਹੁ-ਮੰਤਵੀ ਪ੍ਰਦਰਸ਼ਨੀ ਅਤੇ ਕਨਵੈਨਸ਼ਨ ਸੈਂਟਰ ਵਿਕਸਤ ਕੀਤਾ ਜਾਵੇਗਾ ।

- ਖਾਲਸਾ ਸਾਜਨਾ ਦਿਹਾੜੇ ਦੇ ਸ਼ੁਭ ਅਵਸਰ 'ਤੇ ਪਾਕਿਸਤਾਨ ਸਥਿਤ ਗੁਰਧਾਮਾਂ ਦੇ ਦਰਸ਼ਨਾਂ ਲਈ 1763 ਸਿੱਖ ਸ਼ਰਧਾਲੂਆਂ ਨੂੰ

ਮਿਲਿਆ ਵੀਜ਼ਾ- ਜਥਾ 10 ਅਪ੍ਰੈਲ ਨੂੰ ਪਾਕਿਸਤਾਨ ਲਈ ਰਵਾਨਾ ਹੋਵੇਗਾ। ਅਤੇ

- ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਵਲੋਂ ਇੱਕ ਨਾਬਾਲਗ ਸਮੇਤ 4 ਮੁਲਜ਼ਮਾਂ ਨੂੰ 7 ਪਿਸਤੌਲਾਂ ਸਮੇਤ ਗ੍ਰਿਫ਼ਤਾਰ।

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**